28_Oct_Nawanshahar_5_6_7_8.qxd 10/28/2025 10:43 PM Page 3

ਤਰਨ ਤਾਰਨ ਦੀ ਜ਼ਿਮਨੀ ਚੋਣ 'ਆਪ' ਉਮੀਦਵਾਰ ਹਰਮੀਤ ਸੰਧੂ ਵੱਡੇ ਫ਼ਰਕ ਨਾਲ ਜਿੱਤਣਗੇ-ਸੰਤੋਸ਼ ਕਟਾਰੀਆ

ਬਲਾਚੌਰ, 28 ਅਕਤੂਬਰ (ਨਰੇਸ਼ ਧੌਲ)-ਵਿਧਾਇਕਾ ਸੰਤੋਸ਼ ਕਟਾਰੀਆ ਨੇ ਇਕ ਪ੍ਰੈੱਸ ਬਿਆਨ ਜਾਰੀ ਕਰਦਿਆਂ ਹੋਇਆਂ ਜ਼ੋਰਦਾਰ ਦਾਅਵਾ ਕੀਤਾ ਹੈ ਕਿ ਤਰਨ ਤਾਰਨ ਵਿਧਾਨ ਸਭਾ ਹਲਕੇ ਦੀ ਜ਼ਿਮਨੀ ਚੋਣ ਭਗਵੰਤ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਦੇ ਲੋਕ-ਕਲਿਆਣੀ ਕੰਮਾਂ ਤੇ ਵਿਕਾਸ ਦੇ ਆਧਾਰ 'ਤੇ ਜਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ 'ਚ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਚਲਾਈਆਂ ਜਾ ਰਹੀਆਂ ਯੋਜਨਾਵਾਂ ਨੇ ਲੋਕਾਂ ਦੀ ਜ਼ਿੰਦਗੀ 'ਚ ਅਸਲ ਬਦਲਾਅ ਲਿਆਂਦਾ ਹੈ। ਬਿਆਨ 'ਚ ਖਾਸ ਤੌਰ 'ਤੇ ਤਰਨ ਤਾਰਨ ਹਲਕੇ ਵਿਚ ਕੀਤੇ ਗਏ ਕੰਮਾਂ ਦਾ ਜ਼ਿਕਰ ਕਰਦਿਆਂ ਕਿਹਾ ਗਿਆ ਕਿ 'ਆਪ' ਸਰਕਾਰ ਨੇ ਸੜਕਾਂ ਦੀ ਮੁਰੰਮਤ, ਸਿਹਤ ਕੇਂਦਰਾਂ ਦਾ ਵਧੀਆ ਪ੍ਰਬੰਧ ਤੇ ਨੌਜਵਾਨਾਂ ਲਈ ਨੌਕਰੀਆਂ ਦੇ ਕੇ ਲੋਕਾਂ ਦਾ ਦਿਲ ਜਿੱਤਿਆ ਹੈ। ਪਾਰਟੀ ਨੇ ਦਾਅਵਾ ਕੀਤਾ ਕਿ ਇਹ ਲੋਕ ਪੱਖੀ ਕੰਮ ਹੀ ਚੋਣ ਵਿਚ ਉਨ੍ਹਾਂ ਦੀ ਜਿੱਤ ਦਾ ਆਧਾਰ ਬਣਨਗੇ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਦੇ ਲੋਕ ਪੱਖੀ ਕੰਮਾਂ ਨੂੰ ਦੇਖਦੇ ਹੋਏ ਤਰਨਤਾਰਨ ਦੀਆਂ ਜ਼ਿਮਨੀ ਚੋਣਾਂ 'ਚ ਇਸ ਵਾਰ ਹਲਕਾ ਵਾਸੀ ਮੁੜ ਤੋਂ 'ਆਪ' 'ਤੇ ਮੋਹਰ ਲਾਉਣ ਦਾ ਮੰਨ ਬਣਾ ਚੁੱਕੇ ਹਨ। ਲੋਕ ਵੱਧ ਚੜ੍ਹ ਕੇ ਹਰਮੀਤ ਸਿੰਘ ਸੰਧੂ ਨੂੰ ਸਪੋਰਟ ਕਰ ਰਹੇ ਹਨ। ਹਲਕੇ 'ਚੋਂ ਆਮ ਆਦਮੀ ਪਾਰਟੀ ਦੀ ਜਿੱਤ ਯਕੀਨੀ ਹੈ।

ਸੀਨੀਅਰ ਸਿਟੀਜਨਜ਼ ਐਸੋਸੀਏਸ਼ਨ ਨਵਾਂਸ਼ਹਿਰ ਵਲੋਂ ਮਨਾਏ ਅੰਤਰਰਾਸ਼ਟਰੀ ਸੀਨੀਅਰ ਸਿਟੀਜਨਜ਼ ਦਿਵਸ ਦੀਆਂ ਤਸਵੀਰਾਂ। ਤਸਵੀਰਾਂ : ਹਰਮਿੰਦਰ ਸਿੰਘ ਪਿੰਟੂ

ਅੰਤਰਰਾਸ਼ਟਰੀ ਸੀਨੀਅਰ ਸਿਟੀਜਨਜ਼ ਦਿਵਸ ਸੰਬੰਧੀ ਸਮਾਗਮ ਕਰਵਾਇਆ

ਨਵਾਂਸ਼ਹਿਰ, 28 ਅਕਤੂਬਰ (ਹਰਮਿੰਦਰ ਸਿੰਘ ਪਿੰਟੂ)-ਸਥਾਨਕ ਬਾਈ ਜੀ ਦੀ ਕੁਟੀਆ ਪੰਡੋਰਾ ਮੁਹੱਲਾ ਨਵਾਂਸ਼ਹਿਰ ਵਿਖੇ ਚੇਅਰਮੈਨ ਡਾ. ਜੇਡੀ ਵਰਮਾ ਦੀ ਸਰਪ੍ਰਸਤੀ ਤੇ ਪ੍ਰਧਾਨ ਪ੍ਰੋਫੈਸਰ ਐਸ. ਕੇ. ਬਰੂਟਾ ਦੀ ਪ੍ਰਧਾਨਗੀ ਹੇਠ ਸੀਨੀਅਰ ਸਿਟੀਜਨਜ਼ ਐਸੋਸੀਏਸ਼ਨ ਨਵਾਂਸ਼ਹਿਰ ਵਲੋਂ ਸਮੂਹ ਮੈਂਬਰਾਂ ਦੇ ਸਹਿਯੋਗ ਨਾਲ ਅੰਤਰਰਾਸ਼ਟਰੀ ਸੀਨੀਅਰ ਸਿਟੀਜਨਜ਼ ਦਿਵਸ ਦੇ ਸੰਬੰਧ 'ਚ ਸਾਲਾਨਾ ਸਮਾਗਮ ਕਰਵਾਇਆ। ਸਮਾਗਮ 'ਚ ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਬਤੌਰ ਮੁੱਖ ਮਹਿਮਾਨ ਸ਼ਾਮਿਲ ਹੋਏ। ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ, ਮਾਨਸਿਕ ਰੋਗਾਂ ਦੇ ਮਾਹਿਰ ਡਾ. ਸ਼ਾਸਤਰੀ ਤੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਨਵਦੀਪ ਕੌਰ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਏ। ਆਪਣੇ ਸਵਾਗਤੀ ਭਾਸ਼ਨ 'ਚ ਐਸੋਸੀਏਸ਼ਨ ਦੇ ਚੇਅਰਮੈਨ ਡਾ. ਜੇਡੀ ਵਰਮਾ ਵਲੋਂ ਆਏ ਹੋਏ ਸਮੂਹ ਮਹਿਮਾਨਾਂ ਨੂੰ ਜੀ ਆਇਆਂ ਨੂੰ ਆਖਿਆ। ਉਨ੍ਹਾਂ ਕਿਹਾ ਕਿ ਅੱਜ ਦਾ ਦਿਨ ਬਹੁਤ ਹੀ ਭਾਗਾਂ ਵਾਲਾ ਹੈ ਕਿ ਜ਼ਿਲ੍ਹੇ ਦੀਆਂ ਉੱਘੀਆਂ ਸ਼ਖ਼ਸੀਅਤਾਂ ਇਹ ਦਿਨ ਮਨਾਉਣ ਲਈ ਸਾਡੇ ਵਿਚ ਸ਼ਾਮਿਲ ਹੋਈਆਂ ਹਨ। ਆਪਣੇ ਪ੍ਰਧਾਨਗੀ ਭਾਸ਼ਨ 'ਚ ਬੋਲਦਿਆਂ ਪ੍ਰਧਾਨ ਪ੍ਰੋਫੈਸਰ ਐਸ. ਕੇ. ਬਰੂਟਾ ਨੇ ਕਿਹਾ ਹਰ ਸਾਲ ਇਹ ਦਿਨ ਮਨਾਉਣ ਦਾ ਮੰਤਵ ਸਰਕਾਰ ਤੇ ਸਮਾਜ ਨੂੰ ਇਹ ਸੰਦੇਸ਼ ਦੇਣਾ ਹੈ ਕਿ ਉਨ੍ਹਾਂ ਵਲੋਂ ਬਜ਼ੁਰਗਾਂ ਨੂੰ ਬਿਹਤਰ ਜ਼ਿੰਦਗੀ ਜਿਊਣ ਲਈ ਯੋਗ ਉਪਰਾਲੇ ਕੀਤੇ ਜਾਣ। ਉਨ੍ਹਾਂ ਨੇ ਸਮੂਹ ਬਜ਼ੁਰਗ ਵਰਗ ਵਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਅਪੀਲ ਕੀਤੀ ਕਿ ਕੇਂਦਰ ਸਰਕਾਰ ਵਲੋਂ ਸੀਨੀਅਰ ਸਿਟੀਜਨਜ਼ ਲਈ ਇਕ ਵੱਖਰੇ ਡਾਇਰੈਕਟੋਰੇਟ ਦੀ ਸਥਾਪਨਾ ਕੀਤੀ ਜਾਵੇ। ਨਵਾਂਸ਼ਹਿਰ ਰੇਲਵੇ ਲਾਈਨ ਨੂੰ ਖੰਨਾ ਨਾਲ ਜੋੜਿਆ ਜਾਵੇ। ਉਨ੍ਹਾਂ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਕੋਰੋਨਾ ਕਾਲ ਦੌਰਾਨ ਬੰਦ ਕੀਤੀ ਬਜ਼ੁਰਗਾਂ ਨੂੰ ਰੇਲ ਕਿਰਾਏ 'ਚ ਮਿਲਦੀ ਛੋਟ ਦੀ ਸਹੂਲਤ ਨੂੰ ਮੁੜ ਬਹਾਲ ਕੀਤਾ ਜਾਵੇ। ਉਨ੍ਹਾਂ ਵਲੋਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਬੱਸਾਂ ਵਿਚ ਬਜ਼ੁਰਗਾਂ ਲਈ ਅੱਧਾ ਕਿਰਾਇਆ ਕੀਤਾ ਜਾਵੇ। ਜਨਰਲ ਸਕੱਤਰ ਐਸ. ਕੇ. ਪੁਰੀ ਵਲੋਂ ਐਸੋਸੀਏਸ਼ਨ ਵਲੋਂ ਪਿਛਲੇ ਵਰ੍ਹੇ ਕੀਤੀਆਂ ਗਈਆਂ ਗਤੀਵਿਧੀਆਂ, ਸਮਾਜ ਭਲਾਈ ਦੇ ਕੰਮਾਂ ਤੇ ਚਲਾਏ ਗਏ ਪ੍ਰੋਜੈਕਟਾਂ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਗਈ। ਡਿਪਟੀ ਕਮਿਸ਼ਨਰ ਅੰਕੁਰਜੀਤਜੀਤ ਸਿੰਘ ਨੇ ਕਿਹਾ ਕਿ ਬਜ਼ੁਰਗ ਸਾਡੇ ਸਮਾਜ ਦਾ ਉਹ ਵੱਡਮੁੱਲਾ ਸਰਮਾਇਆ ਹਨ ਜਿਨ੍ਹਾਂ ਤੋਂ ਸੇਧ ਲੈ ਕੇ ਅਸੀਂ ਸਮਾਜ ਵਿਚ ਸ਼ਾਨ ਨਾਲ ਵਿਚਰ ਸਕਦੇ ਹਾਂ। ਡਿਪਟੀ ਕਮਿਸ਼ਨਰ ਵਲੋਂ ਐਸੋਸੀਏਸ਼ਨ ਦੇ ਪੰਜ ਸੀਨੀਅਰ ਮੋਸਟ ਮੈਂਬਰਾਂ ਨੂੰ ਸ਼ਾਲ ਦੇ ਕੇ ਸਨਮਾਨਿਤ ਵੀ ਕੀਤਾ। ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਨਵਦੀਪ ਕੌਰ ਨੇ ਕਿਹਾ ਕਿ ਸੀਨੀਅਰ ਸਿਟੀਜ਼ਨ ਜੋ ਵੀ ਸਮੱਸਿਆ ਲੈ ਕੇ ਉਨ੍ਹਾਂ ਕੋਲ ਆਉਣਗੇ ਉਹ ਉਸ ਦਾ ਨਿਪਟਾਰਾ ਪਹਿਲ ਦੇ ਆਧਾਰ 'ਤੇ ਕਰਨਗੇ। ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਨੇ ਕਿਹਾ ਕਿ ਬਜ਼ੁਰਗਾਂ ਦਾ ਮਾਣ ਸਤਿਕਾਰ ਕਰਨਾ ਸਾਡਾ ਸਭ ਦਾ ਫਰਜ਼ ਹੈ। ਉਨ੍ਹਾਂ ਨੇ ਸਰਕਾਰ ਵਲੋਂ ਬਜ਼ੁਰਗਾਂ ਨੂੰ ਮਿਲਣ ਵਾਲੀਆਂ ਸਿਹਤ ਸਹੂਲਤਾਂ ਸੰਬੰਧੀ ਵੀ ਜਾਣਕਾਰੀ ਦਿੱਤੀ। ਮਾਨਸਿਕ ਰੋਗਾਂ ਦੇ ਮਾਹਿਰ ਡਾ. ਸ਼ਾਸਤਰੀ ਨੇ ਕਿਹਾ ਕਿ ਜ਼ਿੰਦਗੀ 'ਚ ਕਦੀ ਵੀ ਰਿਟਾਇਰਮੈਂਟ ਨਹੀਂ ਹੁੰਦੀ ਕੇਵਲ ਕੰਮ ਦਾ ਦਾਇਰਾ ਤੇ ਕਿਸਮ ਬਦਲ ਜਾਂਦੀ ਹੈ। ਆਰੀਆ ਸਮਾਜ ਪ੍ਰਤੀਨਿਧੀ ਮੰਡਲ ਦੇ ਪ੍ਰਧਾਨ ਵਿਨੋਦ ਭਾਰਦਵਾਜ ਤੇ ਸਮਾਗਮ 'ਚ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ ਸਾਬਕਾ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਹਰਮੇਸ਼ ਸਿੰਘ ਵਲੋਂ ਵੀ ਸਮਾਗਮ 'ਚ ਆਪਣੇ ਵਿਚਾਰ ਪੇਸ਼ ਕੀਤੇ ਗਏ। ਸਮਾਗਮ ਦੌਰਾਨ ਨਸ਼ਾ ਛੁਡਾਊ ਤੇ ਮੁੜ ਵਸੇਬਾ ਕੇਂਦਰ ਨਵਾਂਸ਼ਹਿਰ ਦੇ ਪ੍ਰੋਜੈਕਟ ਡਾਇਰੈਕਟਰ ਚਮਨ ਲਾਲ ਵਲੋਂ ਆਪਣੇ ਸੰਬੋਧਨ 'ਚ ਕਿਹਾ ਕਿ ਉਹ ਆਪਣੇ ਕੇਂਦਰ 'ਚ ਨੌਜਵਾਨਾਂ ਨੂੰ ਇਹੀ ਕਹਿੰਦੇ ਹਨ ਕਿ ਬਾਹਰਲੇ ਗੁਰੂਆਂ ਪੀਰਾਂ ਨੂੰ ਮੰਨਣ ਤੋਂ ਪਹਿਲਾਂ ਆਪਣੇ ਘਰ ਵਿਚ ਬੈਠੇ ਸੰਤ, ਮਹਾਤਮਾ ਰੂਪੀ ਆਪਣੇ ਮਾਤਾ-ਪਿਤਾ, ਬਜ਼ੁਰਗਾਂ ਦੀ ਸੇਵਾ ਕਰੋ। ਸਮਾਗਮ ਦੌਰਾਨ ਮੈਂਬਰ ਅਰੁਣਾ ਸ਼ਰਮਾ ਤੇ ਲਲਿਤ ਓਹਰੀ ਵਲੋਂ ਕੀਤੀ ਤਿਆਰੀ ਅਨੁਸਾਰ ਸੱਭਿਆਚਾਰਕ ਤੇ ਕਲਚਰਲ ਪ੍ਰੋਗਰਾਮ ਵੀ ਪੇਸ਼ ਕੀਤੇ ਗਏ। ਮੈਂਬਰ ਕੈਲਾਸ਼ ਬਾਲੀ, ਜੀਵਨ ਪਾਠਕ, ਲਲਿਤ ਓਹਰੀ, ਸਰਵਣ ਰਾਮ ਤੇ ਸੁਖਦੇਵ ਸ਼ਰਮਾ ਵਲੋਂ ਵੀ ਧਾਰਮਿਕ ਗੀਤ, ਦੇਸ਼ ਭਗਤੀ ਦੇ ਗੀਤ ਗਾ ਕੇ ਅਤੇ ਹੋਰ ਰਚਨਾਵਾਂ ਸੁਣਾ ਕੇ ਦਰਸ਼ਕਾਂ ਦਾ ਮਨੋਰੰਜਨ ਕੀਤਾ। ਜਨਰਲ ਸਕੱਤਰ ਐਸ. ਕੇ ਪੁਰੀ ਵਲੋਂ ਸਟੇਜ ਸੈਕਟਰੀ ਦੀ ਭੂਮਿਕਾ ਨਿਭਾਈ ਗਈ। ਅੰਤ 'ਚ ਪ੍ਰਧਾਨ ਐਸ. ਕੇ. ਬਰੂਟਾ ਵਲੋਂ ਧੰਨਵਾਦ ਕੀਤਾ।

ਸ੍ਰੀ ਅਨੰਦਪੁਰ ਸਾਹਿਬ ਨੂੰ ਜ਼ਿਲ੍ਹਾ ਬਣਾਉਣ ਲਈ ਸਾਡੇ ਜ਼ਿਲ੍ਹੇ ਦੇ ਪਿੰਡਾਂ ਦਾ ਰਲੇਵਾਂ ਨਾ ਕੀਤਾ ਜਾਵੇ-ਮੰਗੂਪੁਰ

ਬਲਾਚੌਰ, 28 ਅਕਤੂਬਰ (ਨਰੇਸ਼ ਧੌਲ)-ਸ੍ਰੀ ਅਨੰਦਪੁਰ ਸਾਹਿਬ ਨੂੰ ਜ਼ਿਲ੍ਹਾ ਬਣਾਉਣ ਦੀਆਂ ਚੱਲ ਰਹੀਆਂ ਤਿਆਰੀਆਂ ਸੰਬੰਧੀ ਕਾਂਗਰਸ ਪ੍ਰਧਾਨ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਚੌਧਰੀ ਅਜੇ ਮੰਗੂਪੁਰ ਨੇ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਨੂੰ ਜ਼ਿਲ੍ਹਾ ਬਣਾਉਣਾ ਚਾਹੀਦਾ ਹੈ, ਪਰ ਸ਼ਹੀਦ ਭਗਤ ਸਿੰਘ ਨਗਰ ਵਿਚ ਸਿਰਫ਼ ਬੰਗਾ, ਨਵਾਂਸ਼ਹਿਰ ਤੇ ਬਲਾਚੌਰ ਦਾ ਇਲਾਕਾ ਹੀ ਲੱਗਦਾ ਹੈ ਜੇਕਰ ਇਹਦੇ 'ਚੋਂ ਵੀ ਪਿੰਡ ਤੋੜੇ ਜਾਣਗੇ ਤਾਂ ਫਿਰ ਜਿਹੜਾ ਪਹਿਲਾਂ ਹੀ ਇੰਨਾ ਛੋਟਾ ਜ਼ਿਲ੍ਹਾ ਹੈ ਉਹਦਾ ਜ਼ਿਲ੍ਹਾ ਬਣੇ ਰਹਿਣ ਦਾ ਕੀ ਫ਼ਾਇਦਾ ਹੋਵੇਗਾ। ਉਨ੍ਹਾਂ ਕਿਹਾ ਕਿ ਬਲਾਚੌਰ ਇਲਾਕਾ ਪਹਿਲਾਂ ਹੀ ਦੁਆਬੇ ਵਿਚ ਪੈਂਦਾ ਇਸ ਨੂੰ ਦੁਆਬੇ ਵਿਚ ਹੀ ਰਹਿਣ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਬਲਾਚੌਰ ਤੋਂ ਸ੍ਰੀ ਅਨੰਦਪੁਰ ਸਾਹਿਬ ਨੂੰ ਜਾਣਾ ਹੋਵੇ ਤਾਂ ਲਗਪਗ 40 ਕਿੱਲੋਮੀਟਰ ਦਾ ਜੰਗਲੀ ਰਸਤਾ ਪੈਂਦਾ ਹੈ ਤੇ ਉਸ ਪਾਸੇ ਨੂੰ ਨਾ ਕੋਈ ਬੱਸ ਜਾਂਦੀ ਹੈ। ਇਸ ਲਈ ਜੇਕਰ ਕੁੱਝ ਹਿੱਸਾ ਸ਼ਹੀਦ ਭਗਤ ਸਿੰਘ ਨਗਰ ਦਾ ਸ੍ਰੀ ਅਨੰਦਪੁਰ ਸਾਹਿਬ ਨਾਲ ਜੋੜਿਆ ਗਿਆ ਤਾਂ ਉਸ ਹਿੱਸੇ ਦੇ ਲੋਕਾਂ ਨੂੰ ਵੱਡੀਆਂ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਉਨ੍ਹਾਂ ਕਿਹਾ ਕਿ ਰੋਪੜ ਦਾ ਨਾਂਅ ਹੀ ਸ੍ਰੀ ਅਨੰਦਪੁਰ ਸਾਹਿਬ ਰੱਖ ਦੇਣਾ ਚਾਹੀਦਾ ਹੈ ਤਾਂ ਕਿ ਜਿਹੜਾ ਕਰੋੜਾਂ ਰੁਪਇਆ ਨਵਾਂ ਜ਼ਿਲ੍ਹਾ ਬਣਾਉਣ 'ਤੇ ਖ਼ਰਚਿਆ ਜਾਣਾ ਹੈ ਉਸੇ ਹੀ ਪੈਸੇ ਨੂੰ ਵਿਕਾਸ ਦੇ ਕਾਰਜਾਂ ਵਿਚ ਲਗਾ ਕੇ ਸਮੁੱਚੇ ਇਲਾਕੇ ਦੀ ਨੁਹਾਰ ਬਦਲੀ ਜਾ ਸਕੇ। ਉਨ੍ਹਾਂ ਵਿਧਾਇਕਾ ਸੰਤੋਸ਼ ਕਟਾਰੀਆ ਨੂੰ ਵੀ ਬੇਨਤੀ ਕੀਤੀ ਕਿ ਲੋਕਾਂ ਵਿਚ ਜਿਹੜਾ ਇਸ ਸੰਬੰਧੀ ਡਰ ਦਾ ਮਾਹੌਲ ਬਣਿਆ ਹੋਇਆ ਹੈ ਉਸ ਨੂੰ ਪਹਿਲ ਦੇ ਆਧਾਰ 'ਤੇ ਦੂਰ ਕਰਨਾ ਚਾਹੀਦਾ ਹੈ।

ਸਮਾਗਮ ਮੌਕੇ ਬੱਚਿਆਂ ਨਾਲ ਸਕੂਲ ਸਟਾਫ। ਤਸਵੀਰ : ਨਛੱਤਰ ਸਿੰਘ ਬਹਿਰਾਮ

ਦੋਆਬਾ ਆਰੀਆ ਸੀਨੀਅਰ ਸੈਕੰਡਰੀ ਸਕੂਲ ਨਵਾਂਸ਼ਹਿਰ ਵਿਖੇ ਲਗਾਏ ਐਨ. ਐਸ. ਐਸ. ਕੈਂਪ 'ਚ ਭਾਗ ਲੈਣ ਸਮੇਂ ਵਿਦਿਆਰਥੀ। ਅਜੀਤ ਤਸਵੀਰ

ਐਨ. ਐਸ. ਐਸ. ਦਾ ਕੈਂਪ ਵਧਾਉਂਦਾ ਭਾਈਚਾਰਾ-ਪ੍ਰਿੰ. ਗਿੱਲ

ਨਵਾਂਸ਼ਹਿਰ, 28 ਅਕਤੂਬਰ (ਜਸਬੀਰ ਸਿੰਘ ਨੂਰਪੁਰ)-ਰਾਹੋਂ ਰੋਡ 'ਤੇ ਸਥਿਤ ਦੋਆਬਾ ਆਰੀਆ ਸੀਨੀਅਰ ਸੈਕੰਡਰੀ ਸਕੂਲ 'ਚ ਚੱਲ ਰਹੇ ਐਨ. ਐਸ. ਐਸ. ਕੈਂਪ 'ਚ ਵਲੰਟੀਅਰ ਪੂਰੀ ਰੂਹ ਨਾਲ ਭਾਗ ਲੈ ਰਹੇ ਹਨ। ਇਸ ਸੰਬੰਧੀ ਪ੍ਰਿੰਸੀਪਲ ਰਜਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਕੈਂਪ ਦੇ ਦੂਜੇ ਦਿਨ ਵਿਦਿਆਰਥੀਆਂ ਨੇ ਕੈਂਪਸ ਵਿਚੋਂ ਘਾਹ ਕੱਢਿਆ, ਸਬਜ਼ੀ ਪਾਰਕ ਦੀ ਗੁਡਾਈ ਕੀਤੀ ਆਲੇ-ਦੁਆਲੇ ਦੀ ਸਫ਼ਾਈ ਕੀਤੀ। ਤੀਜੇ ਦਿਨ ਧਾਰਮਿਕ ਸਥਾਨ ਮਾਛੀਵਾੜਾ ਗੁਰਦੁਆਰਾ ਸਾਹਿਬ ਦੇ ਦਰਸ਼ਨ ਕੀਤੇ। ਐਨ. ਐਸ. ਐਸ. ਪ੍ਰੋਗਰਾਮ ਅਫ਼ਸਰ ਸ੍ਰੀਮਤੀ ਗੁਰਪ੍ਰੀਤ ਕੌਰ ਨੇ ਮਾਛੀਵਾੜਾ ਗੁਰਦੁਆਰਾ ਸਾਹਿਬ ਦੇ ਇਤਿਹਾਸ ਬਾਰੇ ਚਾਨਣਾ ਪਾਇਆ। ਸਕੂਲ ਪਹੁੰਚਣ 'ਤੇ ਸੰਤੋਸ਼ ਰਾਣੀ ਨੇ ਅਨੁਸ਼ਾਸਨ 'ਤੇ ਭਾਸ਼ਨ ਦਿੱਤਾ। ਡਾ. ਰਜਿੰਦਰ ਸਿੰਘ ਗਿੱਲ ਨੇ ਕਿਹਾ ਕਿ ਐਨ. ਐਸ. ਐਸ. ਦੇ ਕੈਂਪਾਂ ਨਾਲ ਭਾਈਚਾਰੇ 'ਚ ਵਾਧਾ ਹੁੰਦਾ ਹੈ। ਇਸ ਮੌਕੇ ਵਾਇਸ ਪ੍ਰਿੰਸੀਪਲ ਇੰਦਰਜੀਤ ਕੌਰ, ਕੁਮਾਰੀ ਸਰਬਜੀਤ ਸਾਬੀ, ਮੈਡਮ ਰਜਨੀ ਨਈਅਰ, ਮਹਿੰਦਰਪਾਲ, ਜਸਪਾਲ ਸਿੰਘ, ਮੈਡਮ ਅਮਨਦੀਪ, ਜਸਪ੍ਰੀਤ ਕੌਰ ਆਦਿ ਹਾਜ਼ਰ ਸਨ।

ਹੜ੍ਹ ਪੀੜਤਾਂ ਤੇ ਝੋਨੇ ਦੀ ਖ਼ਰਾਬੀ ਦੇ ਮੁਆਵਜ਼ੇ ਲਈ ਦਿੱਤਾ ਮੰਗ ਪੱਤਰ

ਨਵਾਂਸ਼ਹਿਰ, 28 ਅਕਤੂਬਰ (ਜਸਬੀਰ ਸਿੰਘ ਨੂਰਪੁਰ)-ਸ਼੍ਰੋਮਣੀ ਅਕਾਲੀ ਦਲ ਪੁਰਨ ਸੁਰਜੀਤ ਵਲੋਂ ਹੜ੍ਹ ਪੀੜਤ ਕਿਸਾਨਾਂ ਨੂੰ ਤੁਰੰਤ ਮੁਆਵਜ਼ਾ ਦੇਣ 'ਤੇ ਝੋਨੇ ਦੀ ਫ਼ਸਲ 'ਤੇ ਬੋਨਸ ਜਾਰੀ ਕਰਨ ਦੀ ਮੰਗ ਨੂੰ ਲੈ ਕੇ ਨਵਾਂਸ਼ਹਿਰ ਵਿਖੇ ਡਿਪਟੀ ਕਮਿਸ਼ਨਰ ਸ਼ਹੀਦ ਭਗਤ ਸਿੰਘ ਨਗਰ ਦੇ ਨਾਂਅ 'ਤੇ ਮੰਗ-ਪੱਤਰ ਦਿੱਤਾ ਗਿਆ। ਮਹਿੰਦਰ ਸਿੰਘ ਹੁਸੈਨਪੁਰ ਸੀਨੀਅਰ ਮੀਤ ਪ੍ਰਧਾਨ ਪੰਜਾਬ ਨੇ ਦੱਸਿਆ ਕਿ ਝੋਨੇ ਨੂੰ ਇਸ ਸਮੇਂ ਜਿਥੇ ਹੜ੍ਹਾਂ ਦੀ ਮਾਰ ਪਈ, ਉਥੇ ਹਲਦੀ ਰੋਗ ਤੇ ਬੌਣਾ ਰੋਗ ਨੇ ਝੋਨੇ ਦੀ ਫ਼ਸਲ ਨੂੰ ਬਰਬਾਦ ਕਰਕੇ ਰੱਖ ਦਿੱਤਾ। ਉਨ੍ਹਾਂ ਆਖਿਆ ਕਿ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਫ਼ਸਲਾਂ ਦਾ ਸਰਵੇਖਣ ਕਰਵਾ ਕੇ ਜਲਦੀ ਮੁਆਵਜ਼ਾ ਜਾਰੀ ਕਰੇ। ਉਨ੍ਹਾਂ ਕਿਹਾ ਕਿ ਝੋਨੇ ਦੀ ਬਿਮਾਰ ਫ਼ਸਲ ਨੂੰ ਕੁਦਰਤੀ ਆਫ਼ਤ ਨਾਲ ਮੇਲ ਕਰਕੇ ਉਸ ਦੀ ਭਰਭਾਈ ਕਰਵਾਈ ਜਾਵੇ। ਉਨ੍ਹਾਂ ਆਖਿਆ ਕਿ ਝੋਨੇ ਦੀ ਫ਼ਸਲ ਖ਼ਰਾਬ ਹੋਣ ਕਾਰਨ ਇਸ ਸਮੇਂ ਘੱਟ ਝਾੜ ਨਿਕਲਿਆ ਹੈ ਤੇ ਝੋਨੇ ਦਾ ਘੱਟ ਝਾੜ ਰਹਿਣ ਕਰਕੇ ਸਰਕਾਰ ਕਿਸਾਨਾਂ ਦੇ ਸਹਿਕਾਰੀ ਸਭਾਵਾਂ ਦੇ ਕਰਜ਼ੇ ਵੀ ਮੁਆਫ਼ ਕਰੇ। ਉਹਨਾਂ ਆਖਿਆ ਕਿ ਇਸ ਸਮੇਂ ਕਿਸਾਨਾਂ ਨੂੰ ਸਭ ਤੋਂ ਵੱਡੀ ਲੋੜ ਡਾਇਆ ਖਾਦ ਦੀ ਘਾਟ ਪਾਈ ਜਾ ਰਹੀ ਹੈ, ਜਿਸ ਨੂੰ ਪੂਰਾ ਕਰਨ ਲਈ ਸਰਕਾਰ ਨੂੰ ਤੁਰੰਤ ਧਿਆਨ ਦੇਣਾ ਚਾਹੀਦਾ ਹੈ। ਇਸ ਮੌਕੇ ਉਨ੍ਹਾਂ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਦੇ ਨਾਂਅ 'ਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਮੰਗ-ਪੱਤਰ ਦਿੱਤਾ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਆਗੂ ਮਹਿੰਦਰ ਸਿੰਘ ਹੁਸੈਨਪੁਰ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਹਰਅਮਰਿੰਦਰ ਸਿੰਘ, ਅਵ